**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸੁਨੀਤਾ ਦੇਵੀ,
ਪੁੱਤਰੀ ਸ਼੍ਰੀ ਪ੍ਰਕਾਸ਼ ਚੰਦ,
ਵਾਸੀ ਨਿਊ ਕੋਰਟ ਰੋਡ,
ਕੇਸਰ ਐਡਵੋਕੇਟ ਸਟਰੀਟ,
ਮਾਨਸਾ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰਸੁਪਰਡੰਟ (ਜਨਰਲ) ਗ੍ਰੇਡ-2,
ਉਪ ਮੰਡਲ ਮੈਜਿਸਟਰੇਟ,
ਮਾਨਸਾ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:780 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਵੀ ਨਹੀਂ।

ਹੁਕਮ:

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 16.4.18 ਲੋਕ ਸੂਚਨਾ ਅਧਿਕਾਰੀ, **ਦਫਤਰ** ਉਪ ਮੰਡਲ ਮੈਜਿਸਟਰੇਟ, ਮਾਨਸਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਸ਼ਿਕਾਇਤਕਰਤਾ ਨੇ 7 ਪੁਆਇੰਟਸ ਦੀ ਜਾਣਕਾਰੀ ਦੀ ਮੰਗ ਕੀਤੀ ਸੀ।ਪ੍ਰਾਰਥੀ ਨੂੰ ਲੋਕ ਸੂਚਨਾ ਅਧਿਕਾਰੀ ਵਲੋ ਸੂਚਨਾ ਉਪਲਬਧ ਨਹੀਂ ਕਰਵਾਈ ਗਈ। ਸ਼ਿਕਾਇਤਕਰਤਾ ਨੂੰ ਸੂਚਨਾ ਨਾ ਮਿਲਣ ਕਰਕੇ ਮਿਤੀ 16.7.2018 ਨੂੰ ਸ਼ਿਕਾਇਤਕਰਤਾ ਕਮਿਸ਼ਨ ਕੋਲ ਸ਼ਿਕਾਇਤ ਲੈ ਕੇ ਆਇਆ। ਕਮਿਸ਼ਨ ਵੱਲੋਂ ਮਿਤੀ 18.9.2018 ਨੂੰ ਪਹਿਲੀ ਸੁਣਵਾਈ ਲਈ ਮਿਤੀ 27.8.2018 ਨੂੰ ਨੋਟਿਸ ਜਾਰੀ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 27-11-2018 ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਗੁਰਕੀਰਤ ਸਿੰਘ ਕਲਰਕ, ਨੇ ਪੱਤਰ ਨੰ:626/ਫਲੱਡ, ਮਿਤੀ 26-11-2018 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਸ਼ਿਕਾਇਤਕਰਤਾ ਨੂੰ ਪੱਤਰ ਨੰ:622/ਫਲੱਡ, ਮਿਤੀ 31-10-2018 ਰਾਹੀਂ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ।ਕਮਿਸ਼ਨ ਦੇ ਹੁਕਮ, ਮਿਤੀ 21-01-2019 ਰਾਹੀਂ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 21-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ।ਸ਼ਿਕਾਇਤਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਜ਼ਾਹਿਰ ਹੁੰਦਾ ਹੈ ਕਿ ਸ਼ਿਕਾਇਤਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ, ਚੰਡੀਗੜ੍ਹ, 21 ਫਰਵਰੀ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਲਜੀਤ ਸਿੰਘ,
ਪੁੱਤਰ ਸ਼੍ਰੀ ਅਮਰ ਸਿੰਘ,
ਵਾਸੀ ਮਕਾਨ ਨੰ;171,
ਵਸੰਤ ਵਿਹਾਰ, ਸਕੀਮ ਨੰ:10,
ਹੁਸ਼ਿਆਰਪੁਰ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਮੁੱਖ ਸਕੱਤਰ,
ਪੰਜਾਬ ਸਰਕਾਰ, ਉਚੇਰੀ ਸਿੱਖਿਆ ਵਿਭਾਗ,
ਪੰਜਾਬ ਸਿਵਲ ਸਕੱਤਰੇਤ-2, ਸੈਕਟਰ-9,
ਚੰਡੀਗੜ੍ਹ। ........... ਉੱਤਰਦਾਤਾ

**ਸ਼ਿਕਾਇਤ ਕੇਸ ਨੰ:1204 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਜਗਜੀਤ ਸਿੰਘ(96413-00001)।
2) ਉੱਤਰਦਾਤਾ ਵੱਲੋਂ ਸ਼੍ਰੀ ਸੁਖਦੇਵ ਸਿੰਘ, ਸੀਨੀਅਰ ਸਹਾਇਕ (97790-74815)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-10-2018, ਲੋਕ ਸੂਚਨਾ ਅਧਿਕਾਰੀ ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿੱਖਿਆ ਵਿਭਾਗ,ਪੰਜਾਬ ਸਿਵਲ ਸਕੱਤਰੇਤ-2, ਸੈਕਟਰ-9, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵਿਭਾਗੀ ਤਰੱਕੀ ਕਮੇਟੀ ਦੀ ਮੀਟਿੰਗ, ਮਿਤੀ 12-05-2016 ਅਤੇ 24-09-2017 ਦੇ ਏਜੰਡੇ ਨਾਲ ਸਬੰਧਤ ਦਸਤਾਵੇਜ਼ਾਂ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 11-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਜਗਜੀਤ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੁਖਦੇਵ ਸਿੰਘ, ਸੀਨੀਅਰ ਸਹਾਇਕ ਨੇ ਸ਼ਿਕਾਇਤਕਰਤਾ ਨੂੰ ਪਹਿਲਾਂ ਮੁਹੱਈਆ ਕਰਵਾਈ ਗਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਅੱਜ ਪੱਤਰ ਨੰ:14/19/2018-5ਸਿ1/1422905/1, ਮਿਤੀ 15-02-2019 ਰਾਹੀਂ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਨੂੰ ਦਸਤੀ ਸੂਚਨਾ ਦੇ ਦਿੱਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਦੱਸਿਆ ਗਿਆ ਹੈ ਇਸ ਸਬੰਧੀ ਮਾਮਲਾ ਮਾਣਯੋਗ ਹਾਈ ਕੋਰਟ ਵਿਖੇ ਵੀ ਲੰਬਿਤ ਹੈ।

3. ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਤੋਂ ਇਲਾਵਾ ਇਹ ਮਾਮਲਾ ਸਬ-ਜੁਡਿਸ ਹੋਣ ਕਾਰਨ ਇਸ ਕੇਸ ਵਿੱਚ ਕੋਈ ਹੋਰ ਕਾਰਵਾਈ ਨਹੀਂ ਕੀਤੀ ਜਾ ਸਕਦੀ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 21 ਫਰਵਰੀ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਕੋਮਲਪ੍ਰੀਤ ਕੌਰ,
#409, ਸੈਕਟਰ 78,
ਵਾਇਆ ਡਾਕਖਾਨਾ ਸੋਹਾਣਾ,
ਜ਼ਿਲ੍ਹਾ ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਲਾਅ ਅਫਸਰ,
ਬਾਬਾ ਫਰੀਦ ਯੂਨੀਵਰਸਿਟੀ ਆਫ
ਹੈਲਥ ਸਾਇੰਸਿਜ, ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ-ਕਮ-
ਰਜਿਸਟਰਾਰ, ਬਾਬਾ ਫਰੀਦ ਯੂਨੀਵਰਸਿਟੀ ਆਫ
ਹੈਲਥ ਸਾਇੰਸਿਜ, ਫਰੀਦਕੋਟ। ........ ਉੱਤਰਦਾਤਾ

**ਅਪੀਲ ਕੇਸ ਨੰ:118 ਆਫ਼ 2019**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਨਿਹਾਰਕਾ ਗੁਪਤਾ, ਐਡਵੋਕੇਟ (85580-60900)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 02-07-2018, ਲੋਕ ਸੂਚਨਾ ਅਧਿਕਾਰੀ-ਕਮ-ਲਾਅ ਅਫਸਰ, ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ, ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਯੂਨੀਵਰਸਿਟੀ ਦੇ ਸੇਵਾ ਨਿਯਮ/ਨਿਯੁਕਤੀ ਨਿਯਮ ਅਤੇ ਹਦਾਇਤਾਂ ਆਦਿ ਨਾਲ ਸਬੰਧਤ 14 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-01-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 21-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਨਿਹਾਰਕਾ ਗੁਪਤਾ, ਐਡਵੋਕੇਟ ਨੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਕੁੱਝ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 27-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 21 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰਬੋਧ ਚੰਦਰ ਬਾਲੀ,
121-ਏ,; ਕ੍ਰਿਸ਼ਨ ਸੁਕੇਅਰ-।।,
ਬਟਾਲਾ ਰੋਡ,ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜ਼ਿਲ੍ਹਾ ਉਦਯੋਗ ਅਫਸਰ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਰਜਿਸਟਰਾਰ ਆਫ਼ ਫਰਮਜ਼ ਅਤੇ ਸੁਸਾਇਟੀਜ਼,
ਦਫਤ਼ਰ ਡਾਇਰੈਕਟਰ, ਉਦਯੋਗ ਅਤੇ ਵਣਜ, ਪੰਜਾਬ,
ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ: 130 ਆਫ 2019**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਭਗਤ ਸਿੰਘ, ਫੰਕਸ਼ਨਲ ਮੈਨੇਜਰ (98144-01121)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 25-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਜ਼ਿਲ੍ਹਾ ਉਦਯੋਗ ਅਫਸਰ,ਅੰਮ੍ਰਿਤਸਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮਕਬੂਲਪੁਰਾ, ਅੰਮ੍ਰਿਤਸਰ ਦੇ ਸਾਹਮਣੇ ਪੁਰਾਣੇ ਇੰਡਸਟ੍ਰੀਅਲ ਫੋਕਲ ਪੁਆਇੰਟ ਅਤੇ ਖਾਨਕੋਟ, ਅੰਮ੍ਰਿਤਸਰ ਨਿਊ ਇੰਡਸਟ੍ਰੀਅਲ ਫੋਕਲ ਪੁਆਇੰਟ ਦੇ ਇੰਡਸਟ੍ਰੀਅਲ ਪਲਾਟਾਂ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 04-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 21-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਭਗਤ ਸਿੰਘ, ਫੰਕਸ਼ਨਲ ਮੈਨੇਜਰ ਨੇ ਦੱਸਿਆ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਦਾ ਸਬੰਧ ਮੈਨੇਜਿੰਗ ਡਾਇਰੈਕਟਰ, ਪੰਜਾਬ ਸਮਾਲ ਇੰਡਸਟਰੀਜ਼ ਅਤੇ ਐਕਸਪੋਰਟ ਕਾਰਪੋਰੇਸ਼ਨ, ਉਦਯੋਗ ਭਵਨ, ਚੰਡੀਗੜ੍ਹ ਨਾਲ ਹੋਣ ਕਾਰਨ ਉਨ੍ਹਾਂ ਨੂੰ ਤਬਦੀਲ ਕੀਤੀ ਜਾ ਚੁੱਕੀ ਹੈ ਅਤੇ ਇਸ ਬਾਰੇ ਪੱਤਰ ਨੰ:645-647, ਮਿਤੀ 14-02-2019 ਰਾਹੀਂ ਅਪੀਲਕਰਤਾ ਅਤੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾ ਚੁੱਕਾ ਹੈ। ਕਮਿਸ਼ਨ ਵੱਲੋਂ ਹਾਜ਼ਰ ਉੱਤਰਦਾਤਾ ਦਾ ਜਵਾਬ ਤਸੱਲੀਬਖਸ਼ ਪਾਇਆ ਗਿਆ ਹੈ। ਅਪੀਲਕਰਤਾ ਨੂੰ ਸਬੰਧਤ ਦਫ਼ਤਰ ਨੂੰ ਪਹੁੰਚ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ, ਚੰਡੀਗੜ੍ਹ, 21 ਫਰਵਰੀ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਸਿਮਰ ਸਿੰਘ ਟਿਵਾਣਾ, ਐਡਵੋਕੇਟ, (98154-07555)
#3007, ਅਰਬਨ ਐਸਟੇਟ-2,
ਪਟਿਆਲਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਿਵੀਜ਼ਨਲ ਕਮਿਸ਼ਨਰ/
ਚੇਅਰਮੈਨ, ਫੀ ਰੈਗੂਲੇਟਰੀ ਬਾਡੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਵੀਜ਼ਨਲ ਕਮਿਸ਼ਨਰ/
ਚੇਅਰਮੈਨ, ਫੀ ਰੈਗੂਲੇਟਰੀ ਬਾਡੀ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:133 ਆਫ਼ 2019**

**ਹਾਜ਼ਰ:-** 1) ਸ਼੍ਰੀ ਹਰਸਿਮਰ ਸਿੰਘ ਟਿਵਾਣਾ ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 31-03-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਵੀਜ਼ਨਲ ਕਮਿਸ਼ਨਰ/ ਚੇਅਰਮੈਨ, ਫੀ ਰੈਗੂਲੇਟਰੀ ਬਾਡੀ, ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਪੰਜਾਬ ਰੈਗੂਲੇਸ਼ਨ ਆਫ ਫੀ ਆਫ ਅਣ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ ਐਕਟ, 2016 ਤਹਿਤ ਸ਼ਿਕਾਇਤਾਂ ਦੇ ਨਿਪਟਾਰੇ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 29-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 01-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 21-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ, ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਖੁਦ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 21 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਸ਼ੋਕ ਕੁਮਾਰ ਸ਼ਰਮਾ, (98880-00319)
ਮਕਾਨ ਨੰ:2356/1,
ਮੁਹੱਲਾ ਲਾਲ ਬਾਗ,
ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 146 ਆਫ 2019**

**ਹਾਜ਼ਰ:-** 1) ਸ਼੍ਰੀ ਅਸ਼ੋਕ ਕੁਮਾਰ ਸ਼ਰਮਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰੂਪ ਲਾਲ, ਸੀਨੀਅਰ ਸਹਾਇਕ (94633-31556)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 04-10-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਇਸ਼ਤਿਹਾਰ ਨੰ:4 ਆਫ 2016 ਰਾਹੀਂ ਪ੍ਰਕਾਸ਼ਿਤ ਕਲਰਕਾਂ ਅਤੇ ਕਲਰਕ-ਕਮ-ਡਾਟਾ ਐਂਟਰੀ ਓਪਰੇਟਰਾਂ ਦੀਆਂ ਆਸਾਮੀਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 01-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-01-201 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 21-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਰੂਪ ਲਾਲ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਪੱਤਰ ਨੰ:1920, ਮਿਤੀ 22-10-2018 ਅਤੇ ਪੱਤਰ ਨੰ:2182, ਮਿਤੀ 05-12-2018 ਰਾਹੀਂ ਦੋ ਵਾਰ ਮੁਹੱਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋ ਅਪੀਲਕਰਤਾ ਨੂੰ ਭੇਜਿਆ ਗਿਆ ਉੱਤਰ ਸਹੀ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਉਸ ਵੱਲੋਂ ਆਰ.ਟੀ.ਆਈ. ਪਾਉਣ ਦੀ ਮਿਤੀ 04-10-2018 ਤੱਕ ਦਾ ਸਟੇਟਸ ਦੱਸਿਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 21 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪਵਨ ਕੁਮਾਰ, (94162-28992)
ਮਕਾਨ ਨੰ:2763, ਅਰਬਨ ਐਸਟੇਟ-2,
ਪਟਿਆਲਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡੀਲ ਅਕੈਡਮਿਕ ਅਫੇਅਰਜ਼,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:163 ਆਫ਼ 2019**

**ਹਾਜ਼ਰ:-** 1) ਸ਼੍ਰੀ ਪਵਨ ਕੁਮਾਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 25-07-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਪ੍ਰੈੱਸ ਵਿੱਚ ਤੈਨਾਤ ਸ਼੍ਰੀ ਰਾਜੀਵ ਸੂਦ ਦੀ ਰੈਗੂਲਰ ਨਿਯੁਕਤੀ ਨਾਲ ਸਬੰਧਤ 13 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 01-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 21-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਮਿਤੀ 08-02-2019 ਨੂੰ ਦਸਤੀ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:1270/ਐਸ-।।।/685/18/ਆਰ.ਟੀ.ਆਈ. ਸੈੱਲ, ਮਿਤੀ 15-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ।ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 21 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪਵਨ ਕੁਮਾਰ, (94162-28992)
ਮਕਾਨ ਨੰ:2763, ਅਰਬਨ ਐਸਟੇਟ-2,
ਪਟਿਆਲਾ।                                                                                ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡੀਲ ਅਕੈਡਮਿਕ ਅਫੇਅਰਜ਼,
ਪੰਜਾਬੀ ਯੂਨੀਵਰਸਿਟੀ,
ਪਟਿਆਲਾ।                                                                                ........ ਉੱਤਰਦਾਤਾ

**ਅਪੀਲ ਕੇਸ ਨੰ:164 ਆਫ਼ 2019**

**ਹਾਜ਼ਰ:-** 1) ਸ਼੍ਰੀ ਪਵਨ ਕੁਮਾਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 25-07-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਪ੍ਰੈੱਸ ਵਿੱਚ ਤੈਨਾਤ ਸ਼੍ਰੀ ਮਹਿੰਦਰ ਸਿੰਘ ਦੀ ਨਿਯੁਕਤੀ ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 01-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 21-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਮਿਤੀ 14-02-2019 ਨੂੰ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ: /ਐਸ-।।।/686/18/ਆਰ.ਟੀ.ਆਈ. ਸੈੱਲ, ਮਿਤੀ 21-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ।ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 21 ਫਰਵਰੀ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਨਿਰਮਲ ਸਿੰਘ ਪੁੱਤਰ ਸ.ਨਛੱਤਰ ਸਿੰਘ ਧਾਲੀਵਾਲ,
ਪਿੰਡ ਤੇ ਡਾਕ ਬੜੂੰਦੀ , ਤਹਿਸੀਲ ਰਾਇਕੋਟ,
ਜਿਲ੍ਹਾ ਲੁਧਿਆਣਾ - 141205 ------

**ਅਪੀਲਕਰਤਾ** **ਬਨਾਮ**

**ਲੋਕ ਸੂਚਨਾ ਅਧਿਕਾਰੀ,**
ਦਫਤਰ ਬੀ.ਡੀ.ਪੀ.ਓ., ਪਖੋਵਾਲ,
ਲੁਧਿਆਣਾ।

**ਪਹਿਲੀ ਅਪੀਲੀ ਅਥਾਰਟੀ,**
ਦਫਤਰ: ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ,
ਲੁਧਿਆਣਾ। ----- **ਉੱਤਰਦਾਤਾ**

**ਅਪੀਲ ਕੇਸ ਨੰ: 2415 ਆਫ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀ।
2) ਉੱਤਰਦਾਤਾ ਵੱਲੋਂ ਸ਼੍ਰੀ ਹਰਪ੍ਰੀਤ ਸਿੰਘ, ਵੀ.ਡੀ.ਓ. (79730-50990)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 13.2.18 ਲੋਕ ਸੂਚਨਾ ਅਧਿਕਾਰੀ, **ਦਫਤਰ ਬੀ.ਡੀ.ਪੀ.ਓ., ਪਖੋਵਾਲ,ਲੁਧਿਆਣਾ** ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ 12 ਪੁਆਇੰਟਸ ਦੀ ਜਾਣਕਾਰੀ ਦੀ ਮੰਗ ਕੀਤੀ ਸੀ।ਪ੍ਰਾਰਥੀ ਨੂੰ ਲੋਕ ਸੂਚਨਾ ਅਧਿਕਾਰੀ ਵਲੋ ਸੂਚਨਾ ਉਪਲਬਧ ਨਹੀ ਕਰਵਾਈ ਗਈ।ਅਪੀਲਕਰਤਾ ਨੂੰ ਸੂਚਨਾ ਨਾ ਮਿਲਣ ਕਰਕੇ ਉਸ ਨੇ ਪਹਿਲੀ ਐਪੀਲੇਟ ਅਥਾਰਟੀ ਪਾਸ ਮਿਤੀ 23.3.2018 ਨੂੰ ਅਪੀਲ ਪੇਸ਼ ਕੀਤੀ। ਪਹਿਲੀ ਐਪੀਲੈਟ ਅਥਾਰਟੀ ਨੇ ਇਸ ਕੇਸ ਦੀਆਂ ਵੱਖ ਵੱਖ ਮਿਤੀਆਂ ਤੇ 4 ਸੁਣਵਾਈਆਂ ਰੱਖਿਆਂ ਗਈਆਂ । ਲੋਕ ਸੂਚਨਾ ਅਧਿਕਾਰੀ ਸ਼੍ਰੀ ਹਰਪ੍ਰੀਤ ਸਿੰਘ ਪੰਚਾਇਤ ਸਕੱਤਰ ਬੀ.ਡੀ.ਪੀ.ਓ. ਪਖੋਵਾਲ ਕਿਸੀ ਵੀ ਸੁਣਵਾਈ ਤੇ ਹਾਜ਼ਰ ਨਹੀਂ ਹੋਇਆ ਤੇ ਨਾ ਹੀ ਅਪੀਲਕਰਤਾ ਨੂੰ ਸੂਚਨਾ ਦਿੱਤੀ। ਪਹਿਲੀ ਐਪੀਲੈਟ ਅਥਾਰਟੀ ਨੇ ਫ਼ਾਈਨਲ ਹੁਕਮ ਮਿਤੀ 15.6.2018 ਨੂੰ ਪਾਸ ਕੀਤੇ ਜਿਸ ਵਿਚ ਲੋਕ ਸੂਚਨਾ ਅਧਿਕਾਰੀ ਬੀ.ਡੀ.ਪੀ.ਓ. ਪਖੋਵਾਲ ਨੂੰ ਹਦਾਇਤ ਕੀਤੀ ਗਈ ਕਿ ਉਹ ਇਕ ਹਫ਼ਤੇ ਦੇ ਅੰਦਰ ਪ੍ਰਾਰਥੀ ਨੂੰ ਸੂਚਨਾ ਮੁਹੱਈਆ ਕਰਵਾਏ ਤੇ ਗੈਰ ਹਾਜ਼ਰੀ ਬਾਰੇ ਸਪਸ਼ਟੀਕਰਨ ਦੇਵੇ ।ਲੋਕ ਸੂਚਨਾ ਅਧਿਕਾਰੀ ਨੇ ਪ੍ਰਾਰਥੀ ਨੂੰ ਫ਼ਿਰ ਵੀ ਸੂਚਨਾ ਸਪਲਾਈ ਨਹੀ ਕੀਤੀ। ਮਿਤੀ 27.7.2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 18.9.2018 ਨੂੰ ਪਹਿਲੀ ਸੁਣਵਾਈ ਲਈ ਮਿਤੀ 27.8.2018 ਨੂੰ ਨੋਟਿਸ ਜਾਰੀ ਕੀਤਾ ਗਿਆ।

2. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਪ੍ਰੀਤ ਸਿੰਘ, ਵਿਲੇਜ ਡਿਵੈਲਪਮੈਂਟ ਅਫਸਰ (ਵੀ.ਡੀ.ਓ.) ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਦਸਤੀ ਦੇ ਦਿੱਤੀ ਗਈ ਹੈ ਅਤੇ ਉਸ ਵੱਲੋਂ ਸੂਚਨਾ ਵਿੱਚ ਕਿਸੇ ਕਿਸਮ ਦੀ ਤਰੱਟੀ ਬਾਰੇ ਸੂਚਿਤ ਨਹੀਂ ਕੀਤਾ ਗਿਆ। ਅਪੀਲਕਰਤਾ ਕਿਸੇ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰ-ਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਇਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ, ਚੰਡੀਗੜ੍ਹ, 21 ਫਰਵਰੀ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਦੀਪ ਸਿੰਘ ਢੀਂਗੀ, (98153-44346)
ਪੁੱਤਰ ਸ਼੍ਰੀ ਹਰਨਾਮ ਸਿੰਘ,
ਵਾਸੀ ਬਲਾਕ ਨੰ:1,
ਮਕਾਨ ਨੰ:390,
ਧਰਮਪੁਰਾ ਮੁਹੱਲਾ, ਧੂਰੀ,
ਜ਼ਿਲ੍ਹਾ ਸੰਗਰੂਰ।                                        ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮਾਜਰੀ, ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ. ਵਧੀਕ ਡਿਪਟੀ ਕਮਿਸ਼ਨਰ (ਵਿਕਾਸ),
ਮੁਹਾਲੀ।

ਸ਼੍ਰੀਮਤੀ ਲਵਨੀਤ ਕੌਰ, ਏ.ਪੀ.ਓ.-ਕਮ-
ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ
ਪੰਚਾਇਤ ਅਫਸਰ, ਮਾਜਰੀ।                                        .......... ਉੱਤਰਦਾਤਾ

**ਅਪੀਲ ਕੇਸ ਨੰ:2469 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ, ਸ਼੍ਰੀਮਤੀ ਲਵਨੀਤ ਕੌਰ, ਏ.ਪੀ.ਓ.-ਕਮ- ਲੋਕ ਸੂਚਨਾ ਅਧਿਕਾਰੀ (84371-11316)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-04-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ 01-04-2012 ਤੋਂ 31-03-2018 ਤੱਕ ਵਣ ਵਿਭਾਗ, ਸਿਸਵਾਂ ਨਾਲ ਸਬੰਧਤ ਨਰੇਗਾ ਮਜ਼ਦਰਾਂ ਦੇ ਮਸਟਰੋਲਾਂ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2018 ਨੂੰ ਪਹਿਲੀ ਸੁਣਵਾਈ ਮਿਤੀ 19-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 16-10-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਕਮਿਸ਼ਨ ਦੇ ਹੁਕਮ, ਮਿਤੀ 21-01-2019 ਰਾਹੀਂ ਸ਼੍ਰੀਮਤੀ ਲਵਨੀਤ ਕੌਰ, ਏ.ਪੀ.ਓ.-ਕਮ- ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ ਅਤੇ ਸ਼੍ਰੀ ਗੁਰਅਮਨਪ੍ਰੀਤ ਸਿੰਘ, ਲੋਕ ਸੂਚਨਾ ਅਧਿਕਾਰੀ ਦਫਤਰ ਵਣ ਵਿਭਾਗ, ਵਣ ਕੰਪਲੈਕਸ, ਜ਼ਿਲ੍ਹਾ ਮੁਹਾਲੀ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕਰਦੇ ਹੋਏ ਸਬੰਧਤ ਅਧਿਕਾਰੀਆਂ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਮਿਤੀ 21-02-2019 ਨੂੰ ਸਵੇਰੇ 11-30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਫਿਰ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਅਤੇ ਨਾ ਹੀ ਆਪਣੀ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ, ਸ਼੍ਰੀਮਤੀ ਲਵਨੀਤ ਕੌਰ, ਏ.ਪੀ.ਓ.-ਕਮ- ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:561-63, ਮਿਤੀ 18-02-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨਾਂ ਕੋਲ ਉਪਲਬਧ ਸੂਚਨਾ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ ਅਤੇ ਬਾਕੀ ਰਹਿੰਦੀ ਕੁਝ ਸੂਚਨਾ ਵਣ ਵਿਭਾਗ ਵੱਲੋਂ ਮੁਹੱਈਆ ਕੀਤੀ ਜਾਣੀ ਬਣਦੀ ਹੈ।ਇਸ ਤੋਂ ਇਲਾਵਾ ਸਬੰਧਤ ਅਧਿਕਾਰੀ, ਸ਼੍ਰੀਮਤੀ ਲਵਨੀਤ ਕੌਰ, ਏ.ਪੀ.ਓ.-ਕਮ- ਲੋਕ ਸੂਚਨਾ ਅਧਿਕਾਰੀ ਨੇ ਅੱਜ ਹਾਜ਼ਰ ਹੋ ਕੇ ਪਹਿਲਾਂ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਜ਼ਬਾਨੀ ਤੌਰ ਸਪੱਸ਼ਟੀਕਰਣ ਪੇਸ਼ ਕਰਦੇ ਹੋਏ ਮੁਆਫੀ ਮੰਗੀ ਹੈ ਅਤੇ ਕਮਿਸ਼ਨ ਵੱਲੋਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਦਾ ਜਵਾਬ ਦੇਣ ਵਾਸਤੇ ਸਮੇਂ ਦੀ ਮੰਗ ਵੀ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਸ਼੍ਰੀ ਗੁਰਅਮਨਪ੍ਰੀਤ ਸਿੰਘ, ਲੋਕ ਸੂਚਨਾ ਅਧਿਕਾਰੀ ਦਫਤਰ ਵਣ ਵਿਭਾਗ, ਵਣ ਕੰਪਲੈਕਸ, ਜ਼ਿਲ੍ਹਾ ਮੁਹਾਲੀ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕਰਦੇ ਹੋਏ ਉਸ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਪਰੰਤੂ ਸਬੰਧਤ ਅਧਿਕਾਰੀ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਏ ਅਤੇ ਨਾ ਹੀ ਉਨ੍ਹਾਂ ਵੱਲੋਂ ਕਾਰਨ ਦੱਸੋ ਨੋਟਿਸ ਦਾ ਜਵਾਬ ਹੀ ਪੇਸ਼ ਕੀਤਾ ਗਿਆ ਹੈ। ਇਸ ਤੋਂ ਜ਼ਾਹਿਰ ਹੈ ਕਿ ਉਹ ਆਪਣੇ ਪੱਖ ਵਿੱਚ ਕੁੱਝ ਨਹੀਂ ਕਹਿਣਾ ਚਾਹੁੰਦੇ। ਅਪੀਲਕਰਤਾ ਵੱਲੋਂ ਮਿਤੀ 21-04-2018 ਨੂੰ ਆਰ.ਟੀ.ਆਈ. ਦਾਇਰ ਕੀਤੀ ਗਈ ਸੀ ਪਰੰਤੂ 9 ਮਹੀਨੇ ਦਾ ਸਮਾਂ ਬੀਤ ਜਾਣ ਦੇ ਬਾਅਦ ਵੀ ਅਜੇ ਤੱਕ ਉਸ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਕਰਕੇ ਸ਼੍ਰੀ ਗੁਰਅਮਨਪ੍ਰੀਤ ਸਿੰਘ, ਲੋਕ ਸੂਚਨਾ ਅਧਿਕਾਰੀ ਦਫਤਰ ਵਣ ਵਿਭਾਗ, ਵਣ ਕੰਪਲੈਕਸ, ਜ਼ਿਲ੍ਹਾ ਮੁਹਾਲੀ ਨੂੰ 25,000/- ਰੁਪਏ (ਕੇਵਲ ਪੱਚੀ ਹਜ਼ਾਰ ਰੁਪਏ) ਦੀ ਸਜ਼ਾ ਦਿੱਤੀ ਜਾਂਦੀ ਹੈ। ਇਸ ਲਈ **ਮੁੱਖ ਵਣ ਪਾਲ, ਸ਼ਿਵਾਲਿਕ ਸਰਕਲ, ਮੁਹਾਲੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼੍ਰੀ ਗੁਰਅਮਨਪ੍ਰੀਤ ਸਿੰਘ, ਲੋਕ ਸੂਚਨਾ ਅਧਿਕਾਰੀ ਦਫਤਰ ਵਣ ਵਿਭਾਗ, ਵਣ ਕੰਪਲੈਕਸ, ਜ਼ਿਲ੍ਹਾ ਮੁਹਾਲੀ ਦੀ ਤਨਖਾਹ ਵਿੱਚੋਂ 25,000/- ਰੁਪਏ (ਕੇਵਲ ਪੱਚੀ ਹਜ਼ਾਰ ਰੁਪਏ) ਦੀ ਵਸੂਲੀ ਕਰਕੇ ਸਰਕਾਰੀ ਖਜ਼ਾਨੇ ਵਿੱਚ ਹੇਠਾਂ ਦਰਸਾਏ ਗਏ ਲੇਖਾ ਹੈਂਡ ਵਿੱਚ ਜਮ੍ਹਾਂ ਕਰਵਾ ਕੇ ਖਜ਼ਾਨਾ ਚਲਾਨ ਦੀ ਕਾਪੀ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ:-**

"0070-ਦੂਜੀਆਂ ਪ੍ਰਸ਼ਾਸਨਿਕ ਸੇਵਾਵਾਂ-60-ਹੋਰ ਸੇਵਾਵਾਂ
800-ਹੋਰ ਪ੍ਰਾਪਤੀਆਂ-86-ਸੂਚਨਾ ਦਾ ਅਧਿਕਾਰ, ਐਕਟ, 2005"

ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 26-03-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ, ਚੰਡੀਗੜ੍ਹ, 21 ਫਰਵਰੀ, 2019.**

**ਕਾਪੀ:-**

ਸ਼੍ਰੀ ਗੁਰਅਮਨਪ੍ਰੀਤ ਸਿੰਘ, ਲੋਕ ਸੂਚਨਾ ਅਧਿਕਾਰੀ,
ਦਫਤਰ ਵਣ ਵਿਭਾਗ, ਵਣ ਕੰਪਲੈਕਸ,
ਸੈਕਟਰ-68, ਜ਼ਿਲ੍ਹਾ ਮੁਹਾਲੀ।

(ਰਜਿਸਟਰਡ) ਮੁੱਖ ਵਣ ਪਾਲ, ਸ਼ਿਵਾਲਿਕ ਸਰਕਲ,
ਵਣ ਵਿਭਾਗ, ਵਣ ਕੰਪਲੈਕਸ,
ਸੈਕਟਰ-68, ਜ਼ਿਲ੍ਹਾ ਮੁਹਾਲੀ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਤਿਨ ਅਰੋੜਾ, ਐਡਵੋਕੇਟ (70099-46523)
ਚੈਂਬਰ ਨੰ:115,
ਜ਼ਿਲ੍ਹਾ ਕੋਰਟ ਕੰਪਲੈਕਸ,
ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚਾਂਸਲਰ,
ਪੰਜਾਬੀ ਯੂਨੀਵਰਸਿਟੀ,
ਪਟਿਆਲਾ। .........ਉੱਤਰਦਾਤਾ

**ਅਪੀਲ ਕੇਸ ਨੰ:3883 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98554-93346)

**ਹੁਕਮ:**

ਪਿਛਲੀ ਪੇਸ਼ੀ, ਮਿਤੀ 21-01-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਸੂਚਨਾ ਦਸਤੀ ਦੇ ਦਿੱਤੀ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 21-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 20-02-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਅਪੀਲਕਰਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 01-04-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 21 ਫਰਵਰੀ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਮਿਤ ਸ਼ਰਮਾ, (98888-31235)
ਪੁੱਤਰ ਸ਼੍ਰੀ ਵਿਜੈ ਕੁਮਾਰ ਸ਼ਰਮਾ,
ਵਾਸੀ ਮਕਾਨ ਨੰ:12, ਗਲੀ ਨੰ:2,
ਅਨੰਦ ਨਗਰ, ਕਾਂਗੜਾ ਕਲੌਨੀ,
ਸੈਲੀਬ੍ਰੇਸ਼ਨ ਮਾਲ ਦੇ ਪਿਛਲੇ ਪਾਸੇ,
ਬਟਾਲਾ ਰੋਡ, ਅੰਮ੍ਰਿਤਸਰ-143001. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਵਾਈਸ ਚਾਂਸਲਰ,
ਗੁਰੂ ਨਾਨਕ ਦੇਵ ਯੂਨੀਵਰਸਿਟੀ,
ਅੰਮ੍ਰਿਤਸਰ। .........ਉੱਤਰਦਾਤਾ

**ਅਪੀਲ ਕੇਸ ਨੰ:3940 ਆਫ਼ 2018**

**ਹਾਜ਼ਰ:-**

1) ਸ਼੍ਰੀ ਅਮਿਤ ਸ਼ਰਮਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ (94170-32936)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 10-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਰਜਿਸਟਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਅਪੀਲਕਰਤਾ ਨੇ ਸਹਾਇਕ ਪ੍ਰੋਫੈਸਰ (ਲਾਅ) ਦੀਆਂ ਆਸਾਮੀਆਂ ਨਾਲ ਸਬੰਧਤ 17 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਨਾ ਦੇਣ ਕਾਰਨ ਅਪੀਲਕਰਤਾ ਨੇ ਮਿਤੀ 08-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 15-11-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-12-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਸਿੰਘ, ਸਹਾਇਕ ਰਜਿਸਟਰਾਰ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਮਿਤੀ 06-02-2019 ਨੂੰ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:145/ਆਰ.ਟੀ.ਆਈ., ਮਿਤੀ 06-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਕਿਉਂਕਿ ਉਸ ਨੂੰ ਸਹਾਇਕ ਪ੍ਰੋਫੈਸਰ (ਲਾਅ) ਦੀਆਂ ਆਸਾਮੀਆਂ ਨੂੰ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3940 ਆਫ਼ 2018**

ਸ਼ਾਰਟ ਲਿਸਟ ਕਰਨ ਸਬੰਧੀ ਕਿਰੀਟੇਰੀਏ (Shortlisting criteria) ਬਾਰੇ ਸੂਚਨਾ ਨਹੀਂ ਦਿੱਤੀ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਕੇਵਲ ਸਹਾਇਕ ਪ੍ਰੋਫੈਸਰ (ਲਾਅ) ਦੀਆਂ ਆਸਾਮੀਆਂ ਨੂੰ ਸ਼ਾਰਟ ਲਿਸਟ ਕਰਨ ਸਬੰਧੀ ਕਿਰੀਟੇਰੀਏ (Shortlisting criteria) ਬਾਰੇ ਸੂਚਨਾ ਦੇ ਦਿੱਤੀ ਜਾਵੇ ਅਤੇ ਕਿਸੇ ਕਰਮਚਾਰੀ ਦੀ ਨਿੱਜੀ ਸੂਚਨਾ ਜਿਵੇਂ ਕਿ ਸਰਟੀਫਿਕੇਟਾਂ ਆਦਿ ਬਾਰੇ ਸੂਚਨਾ ਨਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ, ਚੰਡੀਗੜ੍ਹ, 21 ਫਰਵਰੀ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਪੂਨਮ ਗੁਪਤਾ, (98769-29371)
ਵਾਸੀ 10, ਨੇਤਾਜੀ ਪਾਰਕ,
ਨੇੜੇ ਹੋਟਲ ਕਮਲ ਪੈਲੇਸ,
ਜਲੰਧਰ-144001. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ।

ਡਾਕਟਰ ਅਤਿਮਾ ਸ਼ਰਮਾ,
ਲੋਕ ਸੂਚਨਾ ਅਧਿਕਾਰੀ,
ਦਫਤ਼ਰ ਪ੍ਰਿੰਸੀਪਲ, ਕੰਨਿਆ ਮਹਾਂ ਵਿਦਿਆਲਿਆ,
ਜੰਲਧਰ। ..........ਉੱਤਰਦਾਤਾ

**ਅਪੀਲ ਕੇਸ ਨੰ:2314 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵਲੋ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371) ।
2) ਉੱਤਰਦਾਤਾ, ਡਾਕਟਰ ਅਤਿਮਾ ਸ਼ਰਮਾ, ਲੋਕ ਸੂਚਨਾ ਅਧਿਕਾਰੀ-ਕਮ-ਪਿੰਸੀਪਲ ਅਤੇ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ (98145-06858)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।

2. ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ, ਡਾਕਟਰ ਅਤਿਮਾ ਸ਼ਰਮਾ, ਲੋਕ ਸੂਚਨਾ ਅਧਿਕਾਰੀ-ਕਮ-ਪਿੰਸੀਪਲ ਵੱਲੋਂ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ ਰਾਹੀਂ ਕਮਿਸ਼ਨ ਦੇ ਹੁਕਮ, ਮਿਤੀ 09-01-2019 ਰਾਹੀਂ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਸਬੰਧੀ ਆਪਣਾ ਜਵਾਬ, ਮਿਤੀ 21-02-2019 ਪੇਸ਼ ਕੀਤਾ ਗਿਆ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪੇਸ਼ ਕੀਤੇ ਗਏ ਜਵਾਬ ਵਿੱਚ ਕਿਹਾ ਗਿਆ ਹੈ ਕਿ ਉੱਤਰਦਾਤਾ ਪਿਛਲੀ ਪੇਸ਼ੀ ਤੇ ਜਾਣ-ਬੁੱਝ ਕੇ ਗੈਰ-ਹਾਜ਼ਰ ਨਹੀਂ ਰਹੀ ਅਤੇ ਉਸ ਵੱਲੋਂ ਕਮਿਸ਼ਨ ਨੂੰ ਭਰੋਸਾ ਦਿੱਤਾ ਗਿਆ ਹੈ ਕਿ ਜੇਕਰ ਅਪੀਲਕਰਤਾ ਕਮਿਸ਼ਨ ਵੱਲੋਂ ਨਿਰਧਾਰਿਤ ਮਿਤੀ ਅਤੇ ਸਮੇਂ ਤੇ ਕਾਲਿਜ ਅਧਿਕਾਰੀਆਂ ਕੋਲ ਨਿੱਜੀ ਤੌਰ ਤੇ ਹਾਜ਼ਰ ਹੁੰਦੀ ਹੈ ਤਾਂ ਆਰ.ਟੀ.ਆਈ. ਸਬੰਧੀ ਪੁੱਛ ਗਿੱਛ ਬਾਰੇ ਬਣਦੀ ਸੰਤੁਸ਼ਟੀ ਕਰ ਦਿੱਤੀ ਜਾਵੇਗੀ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2314 ਆਫ਼ 2018**

ਅਤੇ ਉਪਬੰਧਾਂ ਦੀ ਪਾਲਣਾ ਕੀਤੀ ਜਾਵੇਗੀ। ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਮੌਜੂਦਾ ਅਪੀਲਕਰਤਾ ਵੱਲੋਂ ਪਹਿਲਾਂ ਵੀ ਬਹੁਤ ਸਾਰੀਆਂ ਆਰ.ਟੀ.ਆਈ. ਅਰਜ਼ੀਆਂ (40 ਤੋਂ ਵੱਧ) ਦਾਇਰ ਕੀਤੀਆਂ ਜਾ ਚੁੱਕੀਆਂ ਹਨ ਅਤੇ ਸਾਰੀਆਂ ਅਰਜ਼ੀਆਂ ਦਾ ਜਵਾਬ ਦਿੱਤਾ ਗਿਆ ਸੀ ਪਰੰਤੂ ਹੁਣ ਅਪੀਲਕਰਤਾ ਵੱਲੋਂ ਆਰ.ਟੀ.ਆਈ. ਉਪਬੰਧਾਂ ਦੀ ਦੁਰ-ਵਰਤੋਂ ਕਰਕੇ ਇੱਕ ਤੋਂ ਬਾਅਦ ਦੂਜੀ ਆਰ.ਟੀ.ਆਈ. ਅਰਜ਼ੀ ਦਾਇਰ ਕਰਕੇ ਅਧਿਕਾਰੀਆਂ ਨੂੰ ਪ੍ਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ ਗਿਆ ਹੈ ਜਿਹੜੀ ਕਿ ਗਲਤ ਪ੍ਰਥਾ ਹੈ ਅਤੇ ਕਮਿਸ਼ਨ ਨੂੰ ਇਸ ਪ੍ਰਥਾ ਨੂੰ ਨਿਰ-ਉਤਸਾਹਿਤ ਕਰਨਾ ਚਾਹੀਦਾ ਹੈ। ਇਸ ਤੋਂ ਇਲਾਵਾ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਹੈ ਪਹਿਲੇ ਕੋਰਟ ਕੇਸਾਂ ਦੇ ਰਿਕਾਰਡ ਤੋਂ ਇਹ ਸਪੱਸ਼ਟ ਹੋਵੇਗਾ ਕਿ ਅਪੀਲਕਰਤਾ ਵੱਲੋਂ ਮੰਗੀ ਜਾ ਰਹੀ ਸੂਚਨਾ ਉਸ ਕੋਲ ਪਹਿਲਾਂ ਹੀ ਉਪਲਬਧ ਹੈ ਅਤੇ ਹੁਣ ਕੇਵਲ ਕਾਲਿਜ ਅਧਿਕਾਰੀਆਂ ਤੇ ਬੇਵਜ੍ਹਾ ਦਬਾਅ ਬਨਾਉਣ ਅਤੇ ਪ੍ਰੇਸ਼ਾਨ ਕਰਨ ਦੀ ਕੋਸ਼ਿਸ਼ ਹੈ। ਅੰਤ ਵਿੱਚ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕਿਹਾ ਗਿਆ ਹੈ ਕਿ ਜੇਕਰ ਕਮਿਸ਼ਨ ਵੱਲੋਂ ਇਹ ਪਾਇਆ ਜਾਂਦਾ ਹੈ ਕਿ ਉਸ (ਉੱਤਰਦਾਤਾ) ਵੱਲੋਂ ਕਮਿਸ਼ਨ ਦੀਆਂ ਹਦਾਇਤਾਂ ਦੀ ਉਲੰਘਣਾ ਕੀਤੀ ਗਈ ਹੈ ਤਾਂ ਉਹ ਉਸ ਲਈ ਬਿਨ੍ਹਾਂ-ਸ਼ਰਤ ਮੁਆਫੀ ਮੰਗਦੀ ਹੈ ਅਤੇ ਇਹ ਯਕੀਨੀ ਬਨਾਉਣ ਲਈ ਹਰੇਕ ਕੋਸ਼ਿਸ ਕਰੇਗੀ ਕਿ ਭਵਿੱਖ ਵਿੱਚ ਅਜਿਹੀ ਸਥਿਤੀ ਨਾ ਵਾਪਰੇ। ਇਸ ਸਥਿਤੀ ਦੇ ਸਨਮੱਖ ਉੱਤਰਦਾਤਾ ਵੱਲੋਂ ਕਾਰਨ-ਦੱਸੋ ਨੋਟਿਸ ਵਾਪਸ ਲੈਣ ਅਤੇ ਅਪੀਲ ਡਿਸਮਿਸ ਕਰਨ ਲਈ ਬੇਨਤੀ ਕੀਤੀ ਗਈ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਦਾਇਰ ਕੀਤੀਆਂ ਗਈਆਂ ਸਾਰੀਆਂ ਆਰ.ਟੀ.ਆਈ. ਅਰਜ਼ੀਆਂ ਦਾ ਵਿਸ਼ਾ-ਵਸਤੂ ਇੱਕ-ਦੂਜੀ ਅਰਜ਼ੀ ਨਾਲ ਮਿਲਦਾ-ਜੁਲਦਾ ਹੈ। ਇਸ ਕਰਕੇ ਉਨ੍ਹਾਂ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਜੇਕਰ ਸੰਭਵ ਹੋ ਸਕੇ ਤਾਂ ਅਪੀਲਕਰਤਾ ਉਨ੍ਹਾਂ ਦੇ ਦਫ਼ਤਰ ਨਿੱਜੀ ਤੌਰ ਤੇ ਜਾ ਕੇ ਸੂਚਨਾ ਪ੍ਰਾਪਤ ਕਰ ਲਵੇ। ਇਸ ਤਰ੍ਹਾਂ ਕਰਨ ਨਾਲ ਸਾਰੀਆਂ ਅਰਜ਼ੀਆਂ ਦਾ ਨਿਪਟਾਰਾ ਇੱਕੋ ਸਮੇਂ ਹੋ ਜਾਵੇਗਾ ਅਤੇ ਨਾ ਤਾਂ ਕਮਿਸ਼ਨ ਦਾ ਜ਼ਿਆਦਾ ਕੀਮਤੀ ਸਮਾਂ ਬਰਬਾਦ ਹੋਵੇਗਾ ਅਤੇ ਨਾ ਹੀ ਉੱਤਰਦਾਤਾ ਦੇ ਦਫ਼ਤਰ ਦਾ। ਜਦੋਂ ਇਸ ਬਾਰੇ ਅਪੀਲਕਰਤਾ ਦੇ ਨੁਮਾਇੰਦੇ, ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੂੰ ਪੁੱਛਿਆ ਗਿਆ ਤਾਂ ਉਨ੍ਹਾਂ ਵੱਲੋਂ ਉੱਤਰਦਾਤਾ ਦੇ ਦਫ਼ਤਰ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ। ਇਸ ਕਰਕੇ ਦੋਵੇਂ ਧਿਰਾਂ ਦੀ ਸਹਿਮਤੀ ਉਪਰੰਤ ਕਮਿਸ਼ਨ ਵੱਲੋਂ ਅਪੀਲਕਰਤਾ ਵੱਲੋਂ ਉੱਤਰਦਾਤਾ ਦੇ ਦਫ਼ਤਰ **ਮਿਤੀ 15-03-2019 ਨੂੰ ਸਵੇਰੇ 11-00 ਵਜੇ ਨਿੱਜੀ ਤੌਰ ਤੇ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਨਿਸਚਿਤ ਕੀਤੀ ਜਾਂਦੀ ਹੈ** ਅਤੇ ਇਹ ਕੇਸ **ਅਗਲੀ ਸੁਣਵਾਈ ਮਿਤੀ 26-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ, ਚੰਡੀਗੜ੍ਹ, 21 ਫਰਵਰੀ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਪੂਨਮ ਗੁਪਤਾ, (98769-29371)
ਵਾਸੀ 10, ਨੇਤਾਜੀ ਪਾਰਕ,
ਨੇੜੇ ਹੋਟਲ ਕਮਲ ਪੈਲੇਸ,
ਜਲੰਧਰ-144001. ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਬਨਾਮ

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ।

ਡਾਕਟਰ ਅਤਿਮਾ ਸ਼ਰਮਾ,
ਲੋਕ ਸੂਚਨਾ ਅਧਿਕਾਰੀ,
ਦਫਤ਼ਰ ਪ੍ਰਿੰਸੀਪਲ, ਕੰਨਿਆ ਮਹਾਂ ਵਿਦਿਆਲਿਆ,
ਜੰਲਧਰ। ..........ਉੱਤਰਦਾਤਾ

**ਅਪੀਲ ਕੇਸ ਨੰ:2315 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵਲੋ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371) ।
2) ਉੱਤਰਦਾਤਾ, ਡਾਕਟਰ ਅਤਿਮਾ ਸ਼ਰਮਾ, ਲੋਕ ਸੂਚਨਾ ਅਧਿਕਾਰੀ-ਕਮ-ਪਿੰਸੀਪਲ ਅਤੇ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ (98145-06858)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।

